ਭੈਰਉ ਮਹਲਾ ੫ ॥ ਭੈ ਕਉ ਭਉ ਪੜਿਆ ਸਿਮਰਤ ਹਰਿ ਨਾਮ ॥ ਸਗਲ ਬਿਆਧਿ ਮਿਟੀ ਤ੍ਰਿਹੁ ਗੁਣ ਕੀ ਦਾਸ ਕੇ ਹੋਏ ਪੂਰਨ ਕਾਮ ॥ ੧॥ ਰਹਾਉ ॥ ਹਰਿ ਕੇ ਲੋਕ ਸਦਾ ਗੁਣ ਗਾਵਹਿ ਤਿਨ ਕਉ ਮਿਲਿਆ ਪੂਰਨ ਧਾਮ ॥ ਜਨ ਕਾ ਦਰਸੁ ਬਾਂਛੈ ਦਿਨ ਰਾਤੀ ਹੋਇ ਪੁਨੀਤ ਧਰਮ ਰਾਇ ਜਾਮ ॥ ੧॥ ਕਾਮ ਕ੍ਰੋਧ ਲੋਭ ਮਦ ਨਿੰਦਾ ਸਾਧਸੰਗਿ ਮਿਟਿਆ ਅਭਿਮਾਨ ॥ ਐਸੇ ਸੰਤ ਭੇਟਹਿ ਵਡਭਾਗੀ ਨਾਨਕ ਤਿਨ ਕੈ ਸਦ ਕੁਰਬਾਨ ॥੨॥੩੯॥੫੨॥ {ਪੰਨਾ 1151}

ਪਦਅਰਥ:- ਭੈ ਕਉ—ਡਰ ਨੂੰ {ਸੰਬੰਧਕ ਦੇ ਕਾਰਨ ਲਫ਼ਜ਼ 'ਭਉ' ਤੋਂ 'ਭੈ' ਬਣ ਜਾਂਦਾ ਹੈ}। ਪੜਿਆ—ਪੈ ਗਿਆ। ਸਿਮਰਤ—ਸਿਮਰਦਿਆਂ। ਸਗਲ ਬਿਆਧਿ—ਹਰੇਕ ਕਿਸਮ ਦੀ ਬੀਮਾਰੀ। ਤ੍ਰਿਹੁ ਗੁਣ ਕੀ—ਮਾਇਆ ਦੇ ਤਿੰਨਾਂ ਹੀ ਗੁਣਾਂ ਤੋਂ ਪੈਦਾ ਹੋਣ ਵਾਲੀ। ਕਾਮ—ਕੰਮ।1। ਰਹਾਉ।

ਗਾਵਹਿ—ਗਾਂਦੇ ਹਨ {ਬਹੁ-ਵਚਨ}। ਪੂਰਨ ਧਾਮ—ਸਰਬ-ਵਿਆਪਕ ਪ੍ਰਭੂ ਦੇ ਚਰਨਾਂ ਦਾ ਟਿਕਾਣਾ। ਧਾਮ—ਘਰ, ਟਿਕਾਣਾ। ਬਾਂਛੈ—ਲੋੜਦਾ ਹੈ, ਚਾਹੁੰਦਾ ਹੈ {ਇਕ-ਵਚਨ}। ਪੁਨੀਤ—ਪਵਿੱਤਰ। ਜਾਮ—ਜਮਰਾਜ।1।

ਮਦ—ਮਸਤੀ, ਮੋਹ। ਸਾਧ ਸੰਗਿ—ਸਾਧ ਸੰਗਤਿ ਵਿਚ। ਭੇਟਹਿ—ਮਿਲਦੇ ਹਨ {ਬਹੁ-ਵਚਨ}। ਤਿਨ ਕੈ—ਉਹਨਾਂ ਤੋਂ। ਸਦ—ਸਦਾ।2।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦਿਆਂ ਡਰ ਨੂੰ ਭੀ ਡਰ ਪੈ ਜਾਂਦਾ ਹੈ (ਡਰ ਸਿਮਰਨ ਕਰਨ ਵਾਲੇ ਦੇ ਨੇੜੇ ਨਹੀਂ ਜਾਂਦਾ)। ਮਾਇਆ ਦੇ ਤਿੰਨਾਂ ਹੀ ਗੁਣਾਂ ਤੋਂ ਪੈਦਾ ਹੋਣ ਵਾਲੀ ਹਰੇਕ ਬੀਮਾਰੀ (ਭਗਤ ਜਨ ਦੇ ਅੰਦਰੋਂ) ਦੂਰ ਹੋ ਜਾਂਦੀ ਹੈ। ਪ੍ਰਭੂ ਦੇ ਸੇਵਕ ਦੇ ਸਾਰੇ ਕੰਮ ਸਿਰੇ ਚੜ੍ਹਦੇ ਰਹਿੰਦੇ ਹਨ।1। ਰਹਾਉ।

ਹੇ ਭਾਈ! ਪਰਮਾਤਮਾ ਦੇ ਭਗਤ ਸਦਾ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਨੂੰ ਸਰਬ-ਵਿਆਪਕ ਪ੍ਰਭੂ ਦੇ ਚਰਨਾਂ ਦਾ ਟਿਕਾਣਾ ਮਿਲਿਆ ਰਹਿੰਦਾ ਹੈ। ਹੇ ਭਾਈ! ਧਰਮਰਾਜ ਜਮਰਾਜ ਭੀ ਦਿਨ ਰਾਤ ਪਰਮਾਤਮਾ ਦੇ ਭਗਤ ਦਾ ਦਰਸਨ ਕਰਨਾ ਲੋੜਦਾ ਹੈ (ਕਿਉਂਕਿ ਉਸ ਦਰਸਨ ਨਾਲ ਉਹ) ਪਵਿੱਤਰ ਹੋ ਸਕਦਾ ਹੈ।1।

ਹੇ ਭਾਈ! ਗੁਰਮੁਖਾਂ ਦੀ ਸੰਗਤਿ ਵਿਚ ਰਿਹਾਂ ਕਾਮ ਕ੍ਰੋਧ ਲੋਭ ਮੋਹ ਅਹੰਕਾਰ (ਹਰੇਕ ਵਿਕਾਰ ਮਨੁੱਖ ਦੇ ਅੰਦਰੋਂ) ਖ਼ਤਮ ਹੋ ਜਾਂਦਾ ਹੈ। ਪਰ ਇਹੋ ਜਿਹੇ ਸੰਤ ਜਨ ਵੱਡੇ ਭਾਗਾਂ ਨਾਲ ਹੀ ਮਿਲਦੇ ਹਨ। ਹੇ ਨਾਨਕ! (ਆਖ—) ਮੈਂ ਉਹਨਾਂ ਸੰਤ ਜਨਾਂ ਤੋਂ ਸਦਾ ਸਦਕੇ ਜਾਂਦਾ ਹਾਂ।2। 39। 52।